# ਅਧਿਆਪਕ ਦਿਵਸ 'ਤੇ ਲਾਇਬ੍ਰੇਰੀ ਓਰੀਐਂਟੇਸ਼ਨ ਕਰਵਾਇਆ



ਮੋਰਿੰਡਾ, 6 ਸਤੰਬਰ (ਮੋਹਨ ਸਿੰਘ ਅਰੋੜਾ) : ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਗਰਲਜ਼ ਕਾਲਜ ਮੋਰਿੰਡਾ ਵਿਖੇ ਪ੍ਰਬੰਧਕ ਕਮੇਟੀ ਦੇ ਮੈਨੇਜਰ ਹਰਬੰਸ ਸਿੰਘ ਕੰਧੋਲਾ ਦੀ ਸਰਪ੍ਰਸਤੀ ਅਤੇ ਪ੍ਰਿੰ. ਡਾ. ਪੁਸ਼ਪਿੰਦਰ ਕੌਰ ਦੀ ਅਗਵਾਈ ਹੇਠ ਅਧਿਆਪਕ ਦਿਵਸ ਅਤੇ ਲਾਇਬ੍ਰੇਰੀ ਓਰੀਐਂਟੇਸ਼ਨ ਦਾ ਆਯੋਜਨ ਕੀਤਾ ਗਿਆ। ਅਧਿਆਪਕ ਦਿਵਸ ਮਨਾਉਂਦਿਆਂ ਸਾਰੇ ਅਧਿਆਪਕਾਂ ਨੂੰ ਪਾਰਟੀ ਦਿਤੀ ਗਈ। ਲਾਇਬ੍ਰੇਰੀਅਨ ਲਵਪ੍ਰੀਤ ਕੌਰ ਨੇ ਦਸਿਆ ਕਿ ਨਵੇਂ ਵਿਦਿਆਰਥੀਆਂ ਨੂੰ ਲਾਇਬ੍ਰੇਰੀ ਦੀਆਂ ਵੱਖ-ਵੱਖ ਸੇਵਾਵਾਂ ਬਾਰੇ ਜਾਣਕਾਰੀ ਦਿਤੀ ਗਈ। ਉਨ੍ਹਾਂ ਦਸਿਆ ਕਿ ਕਿਤਾਬਾਂ ਦਾ ਜਿੰਦਗੀ ਵਿਚ ਕੀ ਮਹੱਤਵਪੂਰਨ ਹੈ, ਇਸ ਬਾਰੇ ਵੀ ਵਿਦਿਆਰਥੀਆਂ ਨੂੰ ਦਸਿਆ ਗਿਆ।